# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-01-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਕਿਹਾ ਕਿ ਭਾਰਤੀ ਪ੍ਰਵਾਸੀ, ਵਿਸ਼ਵ ਭਾਈਚਾਰੇ ਦੇ ਸਾਹਮਣੇ ਭਾਰਤ ਦੀ ਅਸਲ ਤਸਵੀਰ ਪੇਸ਼ ਕਰਦੇ ਨੇ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਰਕਾਰੀ ਯੋਜਨਾਵਾਂ ਨੂੰ, ਲਾਭਪਾਤਰੀਆਂ ਤੱਕ 100 ਫੀਸਦੀ ਪਹੁੰਚਾਉਣ ਦੀ ਲੋੜ 'ਤੇ ਜ਼ੋਰ ਦਿਤਾ ਏ।
- ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਮਹਾਕੁੰਭ 2025 ਨੂੰ ਸਮਰਪਿਤ ਆਕਾਸ਼ਵਾਣੀ ਦੇ ਕੁੰਭਵਾਨੀ ਚੈਨਲ ਦੀ ਸ਼ੁਰੂਆਤ ਕੀਤੀ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਬਨੂੜ ਸਥਿਤ ਫੁਟਵੀਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਚਿਊਟ ਦੇ ਕਨਵੋਕੇਸ਼ਨ ਸਮਾਗਮ ਵਿਚ ਸ਼ਿਰਕਤ ਕੀਤੀ।
- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਕਲ ਰਾਤ ਅਤੇ ਸਵੇਰ ਵੇਲੇ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਪੈਣ ਦੀ ਭਵਿੱਖਵਾਣੀ ਕੀਤੀ ਏ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਕਿਹਾ ਕਿ ਭਾਰਤੀ ਪ੍ਰਵਾਸੀ, ਵਿਸ਼ਵ ਭਾਈਚਾਰੇ ਦੇ ਸਾਹਮਣੇ ਭਾਰਤ ਦੀ ਅਸਲ ਤਸਵੀਰ ਪੇਸ਼ ਕਰਦੇ ਨੇ ।ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭਾਰਤੀ ਪ੍ਰਵਾਸੀਆਂ ਨੇ ਦਵਾਈ ਅਤੇ ਤਕਨਾਲੋਜੀ ਸਮੇਤ ਸਾਰੇ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਏ। ਰਾਸ਼ਟਰਪਤੀ ਅੱਜ ਦੁਪਹਿਰ ਭੁਵਨੇਸ਼ਵਰ ਦੇ ਜਨਤਾ ਮੈਦਾਨ ਵਿੱਚ 18ਵੇਂ ਪ੍ਰਵਾਸੀ ਭਾਰਤੀ ਦਿਵਸ ਸੰਮੇਲਨ ਦੇ ਸਮਾਪਤੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਰਾਸ਼ਟਰਪਤੀ ਨੇ ਆਪਣੇ ਸੰਬੋਧਨ ਤੋਂ ਪਹਿਲਾਂ, ਵੱਖ-ਵੱਖ ਖੇਤਰਾਂ ਵਿੱਚ ਉੱਤਮ ਪ੍ਰਦਰਸ਼ਨ ਲਈ ਪ੍ਰਵਾਸੀ ਭਾਰਤੀ

ਸਨਮਾਨ ਨਾਲ ਵੀ ਨਿਵਾਜ਼ਿਆ। ਕੇਂਦਰੀ ਮੰਤਰੀ ਡਾ. ਐੱਸ. ਜੈਸ਼ੰਕਰ, ਜੁਆਲ ਓਰਾਮ, ਧਰਮਿੰਦਰ ਪ੍ਰਧਾਨ, ਓਡੀਸ਼ਾ ਦੇ ਰਾਜਪਾਲ ਹਰੀ ਬਾਬੂ ਕੰਭਮਪਤੀ, ਓਡੀਸ਼ਾ ਦੇ ਮੁੱਖ ਮੰਤਰੀ ਮੋਹਨ ਚਰਨ ਮਾਝੀ ਅਤੇ ਕਈ ਹੋਰ ਸ਼ਖਸੀਅਤਾਂ  ਇਸ ਮੌਕੇ ਮੌਜੂਦ ਸਨ। ਇਸ ਤੋਂ ਪਹਿਲਾਂ, ਰਾਸ਼ਟਰਪਤੀ ਨੇ 'ਓਡੀਸ਼ਾ ਪਵੇਲੀਅਨ' ਸਮੇਤ ਵੱਖ-ਵੱਖ ਮੰਡਪਾਂ ਦਾ ਦੌਰਾ ਕੀਤਾ, ਜੋ ਕਿ ਸੂਬੇ ਦੀ ਸ਼ਾਨਦਾਰ ਕਲਾ ਅਤੇ ਸ਼ਿਲਪਕਾਰੀ ਨੂੰ ਪ੍ਰਦਰਸ਼ਿਤ ਕਰਦੇ ਨੇ । ਪੈਵੇਲੀਅਨ ਦਾ ਉਦੇਸ਼ ਓਡੀਸ਼ਾ ਦੀ ਸੱਭਿਆਚਾਰਕ ਅਮੀਰੀ ਦਾ ਜਸ਼ਨ ਮਨਾਉਣਾ ਅਤੇ ਇਸਦੇ ਕਾਰੀਗਰਾਂ ਅਤੇ ਕਾਰੀਗਰਾਂ ਨੂੰ ਵਿਸ਼ਵ-ਵਿਆਪੀ ਦਰਸ਼ਕਾਂ ਤੱਕ ਉਤਸ਼ਾਹਿਤ ਕਰਨਾ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਰਕਾਰੀ ਯੋਜਨਾਵਾਂ ਨੂੰ, ਲਾਭਪਾਤਰੀਆਂ ਤੱਕ 100 ਫੀਸਦੀ ਪਹੁੰਚਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਅਸਲ ਸਮਾਜਿਕ ਨਿਆਂ ਅਤੇ ਧਰਮ ਨਿਰਪੱਖਤਾ ਏ। ਵਿਕਸਿਤ  ਭਾਰਤ ਦੇ ਆਪਣੇ ਦ੍ਰਿਸ਼ਟੀਕੋਣ ਨੂੰ ਉਜਾਗਰ

ਕਰਦਿਆਂ ਸ੍ਰੀ ਮੋਦੀ ਨੇ  ਕਿਹਾ ਕਿ ਉਹ, 2047 ਤੱਕ ਪਾਣੀ, ਪਖਾਨੇ ਅਤੇ ਬਿਜਲੀ ਸਮੇਤ ਸਮੱਸਿਆਵਾਂ ਦੇ ਹੱਲ ਚਾਹੁੰਦੇ ਨੇ। ਉਨ੍ਹਾਂ ਪ੍ਰਮੁੱਖ ਉਦਯੋਗਪਤੀ ਨਿਖਿਲ ਕਾਮਥ ਨਾਲ ਇੱਕ ਇੰਟਰਵਿਊ ਵਿੱਚ ਇਹ ਗੱਲ ਕਹੀ। ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦਾ ਮੰਨਣਾ ਏ ਕਿ ਚੰਗੇ ਲੋਕਾਂ ਨੂੰ ਇੱਕ ਮਿਸ਼ਨ ਨਾਲ, ਰਾਜਨੀਤੀ ਵਿੱਚ ਆਉਣਾ ਚਾਹੀਦਾ ਏ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਇੱਕ ਚੰਗੇ ਸਿਆਸਤਦਾਨ ਨੂੰ ਇੱਕ ਚੰਗਾ ਸੰਚਾਰਕ ਹੋਣਾ ਚਾਹੀਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇਖਿਆ ਕਿ ਨੀਤੀ-ਨਿਰਮਾਣ ਵਿਚ ਸ਼ਾਮਲ ਵਿਅਕਤੀ, ਵੱਡੀਆਂ ਤਬਦੀਲੀਆਂ ਲਿਆ ਸਕਦਾ ਏ , ਜੋ ਕਿ ਸਰਕਾਰੀ ਪ੍ਰਣਾਲੀ ਵਿਚ ਹੋਣ ਦਾ ਸਭ ਤੋਂ ਵੱਡਾ ਫਾਇਦਾ ਏ।ਅੱਜ ਦੇ ਸੰਸਾਰ ਵਿੱਚ ਸੋਸ਼ਲ ਮੀਡੀਆ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਇਹ ਲੋਕਤੰਤਰ ਵਿੱਚ ਇੱਕ ਮਹੱਤਵਪੂਰਨ ਸਾਧਨ ਏ ਅਤੇ ਲੋਕਤੰਤਰ ਨੂੰ ਸਸ਼ਕਤ ਕਰ ਸਕਦਾ ਏ। ਪ੍ਰਧਾਨ ਮੰਤਰੀ ਨੇ  ਕਿਹਾ ਕਿ ਨੌਜਵਾਨ ਵਿਦਿਆਰਥੀ, ਹੁਣ ਸੋਸ਼ਲ ਮੀਡੀਆ ਤੋਂ ਜਾਣਕਾਰੀ  ਅਤੇ ਵੱਖ-ਵੱਖ ਮੁੱਦਿਆਂ ਵਿੱਚ ਦਿਲਚਸਪੀ ਪੈਦਾ ਕਰ ਰਹੇ ਨੇ। ਮੌਜੂਦਾ ਆਲਮੀ

ਚੁਣੌਤੀਆਂ 'ਤੇ ਇੱਕ ਸਵਾਲ ਦੇ ਜਵਾਬ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਦੁਨੀਆ ਭਾਰਤ 'ਤੇ ਭਰੋਸਾ ਕਰਦੀ ਏ ਕਿਉਂਕਿ ਇਸ ਦੇ ਰੁੱਖ ਵਿੱਚ ਕੋਈ ਦੋਗਲਾਪਨ ਨਹੀਂ ਏ । ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦਾ ਮੰਨਣਾ ਏ ਕਿ ਇਹ ਬਹੁਤ ਹੱਦ ਤੱਕ ਜੀਵਨ ਦੇ ਤਜਰਬੇ ਨੇ ਜੋ ਕਿਸੇ ਦੇ ਜੀਵਨ ਨੂੰ ਆਕਾਰ ਦਿੰਦੇ ਨੇ , ਅਤੇ ਉਹ ਖੁਸ਼ਕਿਸਮਤ ਰਹੇ ਨੇ ਕਿ ਉਨ੍ਹਾਂ ਨੇ ਆਪਣੀ ਜ਼ਿੰਦਗੀ ਕਦੇ ਵੀ ਆਰਾਮ ਦੇ ਖੇਤਰ ਵਿੱਚ ਨਹੀਂ ਬਿਤਾਈ।

**BYTE:**

ਦੋ ਘੰਟੇ ਦੀ ਇੰਟਰਵਿਊ ਵਿੱਚ, ਪ੍ਰਧਾਨ ਮੰਤਰੀ ਨੇ ਆਪਣੇ ਜੀਵਨ ਸਫ਼ਰ, ਸਿੱਖਿਆ, ਰਾਜਨੀਤਿਕ ਜੀਵਨ, ਪ੍ਰਬੰਧਨ ਯੋਗਤਾਵਾਂ ਸਮੇਤ ਹੋਰ ਪਹਿਲੂਆਂ 'ਤੇ ਚਰਚਾ ਕੀਤੀ।

---------------------------------------------------------------

ਅੱਜ ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ, ਮੁੱਖ ਮੰਤਰੀ ਯੋਗੀਆਦਿਤਿਆਨਾਥ ਨੇ ਮਹਾਕੁੰਭ 2025 ਨੂੰ ਸਮਰਪਿਤ ਆਕਾਸ਼ਵਾਣੀ ਦੇ ਕੁੰਭਵਾਨੀ ਚੈਨਲ ਦੀ ਸ਼ੁਰੂਆਤ ਕੀਤੀ । ਇਸ ਮੌਕੇ ਮੁੱਖ ਮੰਤਰੀ ਨੇ ਭਰੋਸਾ ਪ੍ਰਗਟਾਇਆ ਕਿ ਕੁੰਭਵਾਨੀ ਚੈਨਲ ਦੂਰ-ਦੁਰਾਡੇ ਦੇ ਪਿੰਡਾਂ ਤੱਕ ਮਹਾਂਕੁੰਭ ਦਾ

ਅਧਿਆਤਮਕ ਸੰਦੇਸ਼ ਪ੍ਰਸਾਰਿਤ ਕਰੇਗਾ । ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਮਹਾਕੁੰਭ ਏਕਤਾ ਦਾ ਸੰਦੇਸ਼ ਦਿੰਦਾ ਏ। ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਕੁੰਭ ਮੰਗਲ ਧੁਨ ਦਾ ਸ਼ੁੱਭ ਆਰੰਭ ਵੀ ਕੀਤਾ । ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ, ਡਾ. ਐਲ. ਮੁਰੂਗਨ ਨੇ ਵਰਚੁਅਲ ਮਾਧਿਅਮ ਰਾਹੀਂ ਪ੍ਰੋਗਰਾਮ ਵਿੱਚ  ਹਿੱਸਾ ਲਿਆ ਅਤੇ ਇਸ ਰੇਡੀਓ ਚੈਨਲ ਦੇ ਪ੍ਰਸਾਰਣ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ । ਪ੍ਰਸਾਰ ਭਾਰਤੀ ਦੇ ਚੇਅਰਮੈਨ ਡਾ: ਨਵਨੀਤ ਕੁਮਾਰ ਸਹਿਗਲ ਨੇ ਦੱਸਿਆ ਕਿ ਪ੍ਰਸਾਰ ਭਾਰਤੀ ਨੇ ਦੂਰਦਰਸ਼ਨ ਅਤੇ ਆਕਾਸ਼ਵਾਣੀ ਰਾਹੀਂ ਮਹਾਂਕੁੰਭ ਦੇ ਸਿੱਧੇ ਪ੍ਰਸਾਰਣ ਲਈ ਵਿਆਪਕ ਪ੍ਰਬੰਧ ਕੀਤੇ ਨੇ।

**BYTE:**

ਆਕਾਸ਼ਵਾਣੀ ਦੇ ਮਹਾਨਿਦੇਸ਼ਕ ਡਾ: ਪ੍ਰਗਿਆ ਪਾਲੀਵਾਲ ਗੌੜ ਨੇ ਇਸ ਮੌਕੇ ਕਿਹਾ

**BYTE:**

---

ਮੋਹਾਲੀ ਜ਼ਿਲੇ ਦੇ ਬਨੂੜ ਸਥਿਤ ਫੁਟਵੀਅਰ ਡਿਜ਼ਾਈਨ ਐਂਡ

ਡਿਵੈਲਪਮੈਂਟ ਇੰਸਟੀਚਿਊਟ ਵਲੋਂ ਅੱਜ ਸਾਲ 2023 ਅਤੇ 2024 ਦੇ ਪਾਸ-ਆਊਟ ਬੈਚਾਂ ਲਈ ਕਨਵੋਕੇਸ਼ਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਦੁਆਰਾ ਬਣਾਏ ਗਏ ਫੈਸ਼ਨ ਉਤਪਾਦਾਂ ਦੀ ਗੈਲਰੀ ਦਾ ਵੀ ਦੌਰਾ ਕੀਤਾ ਅਤੇ ਯਤਨਾਂ ਦੀ ਸ਼ਲਾਘਾ ਕੀਤੀ। ਰਾਜਪਾਲ ਨੇ ਉੱਚ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਅਕਾਦਮਿਕ ਉੱਤਮਤਾ ਨੂੰ ਮਾਨਤਾ ਦਿੰਦੇ ਹੋਏ ਡਿਗਰੀਆਂ ਅਤੇ ਇਨਾਮ ਦਿੱਤੇ। ਸਮਾਗਮ ਦੌਰਾਨ, ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ।

---------------------------------------------------------

ਪੱਛਮੀ ਕਮਾਂਡ ਦੇ ਜਨਰਲ ਅਫਸਰ ਕਮਾਂਡਿੰਗ-ਇਨ-ਚੀਫ਼, ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਨੇ ਚੰਡੀਮੰਦਰ ਸਥਿਤ ਕਮਾਂਡ ਹਸਪਤਾਲ ਵਿਖੇ ਇੱਕ ਅਤਿ-ਆਧੁਨਿਕ ਆਈ.ਸੀ.ਯੂ. ਅਤੇ ਆਪ੍ਰੇਸ਼ਨ ਥੀਏਟਰ ਕੰਪਲੈਕਸ ਦਾ ਉਦਘਾਟਨ ਕੀਤਾ। ਆਰਮੀ ਕਮਾਂਡਰ ਨੇ

ਹਸਪਤਾਲ ਟੀਮ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਹਥਿਆਰਬੰਦ ਬਲਾਂ ਦੇ ਜਵਾਨਾਂ ਦੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਲਈ ਆਧੁਨਿਕ ਡਾਕਟਰੀ ਸਹੂਲਤਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਨਵੀਆਂ ਸਹੂਲਤਾਂ ਦੀ ਸ਼ਲਾਘਾ ਕੀਤੀ ਅਤੇ ਫੌਜ ਦੀ ਡਾਕਟਰੀ ਤਿਆਰੀ ਅਤੇ ਸਮਰੱਥਾਵਾਂ ਨੂੰ ਵਧਾਉਣ ਵਿੱਚ ਇਸਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜਿਸ ਨਾਲ ਸੈਨਿਕਾਂ ਦੀ ਸਿਹਤ ਸੰਭਾਲ ਅਤੇ ਇਲਾਜ ਵਿੱਚ ਤੇਜ਼ੀ ਆਵੇਗੀ। ਨਵਾਂ ਕੰਪਲੈਕਸ ਨਵੀ ਮੈਡੀਕਲ ਤਕਨਾਲੋਜੀ ਨਾਲ ਲੈਸ ਏ , ਜੋ ਬਿਹਤਰ ਗੰਭੀਰ ਸਿਹਤ ਸੰਭਾਲ ਤੇ ਸਰਜੀਕਲ ਸੂਖਮਤਾ ਨੂੰ ਯਕੀਨੀ ਬਣਾਉਂਦਾ ਏ। ਇਸ ਕੰਪਲੈਕਸ ਵਿੱਚ, 7 ਓਪਰੇਟਿੰਗ ਸੂਟ ਅਤੇ ਇੱਕ 16 ਬਿਸਤਰਿਆਂ ਵਾਲਾ ਆਈ.ਸੀ.ਯੂ. ਏ। ਕੰਪਲੈਕਸ ਨੂੰ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਡਾਕਟਰੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਏ, ਜੋ ਕਿ ਪੱਛਮੀ ਕਮਾਂਡ ਦੀ ਪ੍ਰਮੁੱਖ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਵੱਲ ਇੱਕ ਵੱਡਾ ਕਦਮ ਦਰਸਾਉਂਦਾ ਏ। ਚੰਡੀਮੰਦਰ ਕਮਾਂਡ ਹਸਪਤਾਲ ਫੌਜੀ ਸਿਹਤ ਸੰਭਾਲ

ਵਿੱਚ ਸਭ ਤੋਂ ਅੱਗੇ ਏ , ਜੋ ਦੇਸ਼ ਦੇ ਰਾਖਿਆਂ ਦੀ ਰੱਖਿਆ ਲਈ ਉੱਨਤ ਤਕਨਾਲੋਜੀ ਦੇ ਨਾਲ ਨਾਲ ਹਮਦਰਦੀ ਭਰੀ ਦੇਖਭਾਲ ਪ੍ਰਦਾਨ ਕਰਦਾ ਏ।

---------------------------------------------------

ਬੀ.ਐਸ.ਐਫ ਨੇ ਅੰਮ੍ਰਿਤਸਰ ਸਰਹੱਦ 'ਤੇ ਇਕ ਪਾਕਿਸਤਾਨੀ ਘੁਸਪੈਠੀਏ ਨੂੰ ਮਾਰ ਗਿਰਾਇਆ । ਹਲਕਿਆਂ ਤੋਂ ਮਿਲੀ ਜਾਣਕਾਰੀ ਮੁਤਾਬਿਕ ਬੀਤੀ ਰਾਤ ਸਮੇਂ ਡਿਊਟੀ 'ਤੇ ਤਾਇਨਾਤ ਬੀ.ਐਸ.ਐਫ ਦੇ ਜਵਾਨਾਂ ਨੇ ਇੱਕ ਪਾਕਿਸਤਾਨੀ ਘੁਸਪੈਠੀਏ ਦੀ ਸ਼ੱਕੀ ਗਤੀਵਿਧੀ ਦੇਖੀ, ਜਿਸਨੇ ਗੁਪਤ ਰੂਪ ਵਿੱਚ ਅੰਤਰ-ਰਾਸ਼ਟਰੀ ਸਰਹੱਦ ਨੂੰ ਪਾਰ ਕਰਕੇ, ਪਿੰਡ ਕੋਟਰਾਜ਼ਦਾ ਨੇੜੇ ਸਰਹੱਦੀ ਸੁਰੱਖਿਆ ਵਾੜ ਕੋਲ ਜਾਣ ਦੀ ਕੋਸ਼ਿਸ਼ ਕੀਤੀ ਸੀ। ਚੌਕਸ ਜਵਾਨਾਂ ਨੇ ਤੁਰੰਤ ਘੁਸਪੈਠੀਏ ਨੂੰ ਲਲਕਾਰਿਆ, ਪਰ ਉਸਨੇ ਜਵਾਨਾਂ ਦੀ ਚੇਤਾਵਨੀ ਨੂੰ ਨਜ਼ਰਅੰਦਾਜ਼ ਕੀਤਾ ਅਤੇ ਸਰਹੱਦ ਦੀ ਵਾੜ ਵੱਲ ਵਧਣਾ ਜਾਰੀ ਰੱਖਿਆ। ਸੁਰੱਖਿਆ ਲਈ ਸੰਭਾਵੀ ਖਤਰੇ ਨੂੰ ਦੇਖਦੇ ਹੋਏ, ਡਿਊਟੀ 'ਤੇ ਮੌਜੂਦ ਜਵਾਨਾਂ ਨੇ ਘੁਸਪੈਠੀਏ ਤੇ ਗੋਲੀ ਚਲਾਈ। ਬਾਅਦ ਵਿੱਚ ਖੇਤਰ ਦੀ ਤਲਾਸ਼ੀ ਦੌਰਾਨ ਘੁਸਪੈਠੀਏ ਨੇੜਿਓਂ

ਪਾਕਿਸਤਾਨੀ ਕਰੰਸੀ ਵਿੱਚ 400 ਰੁਪਏ , ਇੱਕ ਮਾਚਿਸ, ਇੱਕ ਤੰਬਾਕੂ ਦਾ ਪੈਕੇਟ, ਅਤੇ ਇੱਕ ਛੋਟਾ ਬੈਗ ਬਰਾਮਦ ਹੋਇਆ । ਮ੍ਰਿਤਕ ਘੁਸਪੈਠੀਏ ਦੀ ਲਾਸ਼ ਨੂੰ ਅਗਲੇਰੀ ਜਾਂਚ ਅਤੇ ਲੋੜੀਂਦੀ ਕਾਰਵਾਈ ਲਈ ਥਾਣਾ ਰਮਦਾਸ ਦੇ ਹਵਾਲੇ ਕਰ ਦਿੱਤਾ ਗਿਆ ਏ। ਇਹ ਨਿਰਣਾਇਕ ਕਾਰਵਾਈ ਇੱਕ ਵਾਰ ਫਿਰ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ BSF ਦੀ ਅਟੱਲ ਵਚਨਬੱਧਤਾ ਨੂੰ ਉਜਾਗਰ ਕਰਦੀ ਏ ।

---------------------------------------------------------------

ਲੁਧਿਆਣਾ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵੱਲੋਂ 14 ਜਨਵਰੀ ਨੂੰ 'ਵੈਟਰਨ ਡੇਅ' ਮਨਾਇਆ ਜਾ ਰਿਹਾ ਏ । ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਲੁਧਿਆਣਾ, ਸੇਵਾ ਮੁਕਤ ਲੈਫਟੀਨੈਂਟ ਕਰਨਲ ਸਰਬਜੀਤ ਸਿੰਘ ਸੈਣੀ ਨੇ ਦੱਸਿਆ ਸਾਬਕਾ ਸੈਨਿਕ ਪੈਨਸ਼ਨਰਜ , ਆਸ਼ਰਿਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ, ਜੀਵਤ ਹੋਣ ਦਾ ਪ੍ਰਮਾਣ ਪੱਤਰ ਸਬੰਧੀ 15 ਤੇ 16 ਜਨਵਰੀ ਨੂੰ ਦੋ ਦਿਨਾਂ ਵਿਸ਼ੇਸ਼ ਸਪਰਸ਼ ਕੈਂਪ ਵੀ ਲਗਾਇਆ ਜਾ ਰਿਹਾ ਏ।

---------------------------------------------------------------

ਗਣਤੰਤਰ ਦਿਵਸ ਦੇ ਜਸ਼ਨਾਂ ਨੂੰ ਹੋਰ ਪ੍ਰੇਰਨਾਦਾਇਕ ਅਤੇ ਸ਼ਾਨਦਾਰ ਬਣਾਉਣ ਲਈ, ਹੁਸ਼ਿਆਰਪੁਰ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਹੁਲ ਚਾਬਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਉਨ੍ਹਾਂ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਕ ਮੈਂਬਰਾਂ ਨੂੰ ਆਉਣ ਵਾਲੇ ਗਣਤੰਤਰ ਦਿਵਸ ਸਮਾਰੋਹ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ।

---------------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਮਾਘੀ ਮੇਲੇ ਦੀ ਆਮਦ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ । ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ, ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਕਰਨ ਲਈ ਵੀ ਪ੍ਰੇਰਿਤ ਕਰਦਿਆਂ ਕਿਹਾ ਕਿ ਦਫਤਰੀ ਕੰਮ-ਕਾਜ ਦੌਰਾਨ ਕਿਸੇ ਵੀ

ਲੋੜਵੰਦ ਤੇ ਯੋਗ ਵਿਅਕਤੀ ਨੂੰ ਕਿਸੇ ਪ੍ਰਕਾਰ ਦੀ ਕੋਈ ਮੁਸ਼ਕਲ ਪੇਸ਼ ਨਾ ਆਉਣ ਦਿੱਤੀ ਜਾਵੇ।

-----------------------------------------------------------

ਮੌਸਮ ਵਿਭਾਗ ਨੇ ਅਗਲੇ 2 ਤੋਂ 3 ਦਿਨਾਂ ਦੌਰਾਨ ਉੱਤਰ-ਪੱਛਮੀ ਭਾਰਤ ਦੇ ਕੁਝ ਹਿੱਸਿਆਂ ਵਿੱਚ ਗਰਜ ਨਾਲ ਹਲਕੀ ਬਾਰਿਸ਼ ਹੋਣ ਦੀ ਭਵਿੱਖਬਾਣੀ ਕੀਤੀ ਏ । ਆਕਾਸ਼ਵਾਣੀ ਨਾਲ ਗੱਲ ਕਰਦਿਆਂ ਮੌਸਮ ਵਿਭਾਗ ਦੇ ਵਿਗਿਆਨੀ ਡਾ: ਆਰ ਕੇ ਜੇਨਾਮਾਨੀ ਨੇ ਕਿਹਾ ਕਿ ਪੰਜਾਬ, ਹਰਿਆਣਾ, ਦਿੱਲੀ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਕਲ ਰਾਤ ਅਤੇ ਸਵੇਰ ਵੇਲੇ ਸੰਘਣੀ ਤੋਂ ਬਹੁਤ ਸੰਘਣੀ ਧੁੰਦ ਪੈ ਸਕਦੀ ਏ । ਸੀਤ ਲਹਿਰ ਵਿਚਕਾਰ ਛਾਈ ਸੰਘਣੀ ਧੁੰਦ ਨੇ ਲੋਕਾਂ ਦੀਆਂ ਪਰੇਸ਼ਾਨੀਆਂ ਵਧਾ ਦਿੱਤੀਆਂ ਨੇ ਤੇ ਆਮ ਜਨਜੀਵਨ ਬੁਰੀ ਤਰਾਂ ਪ੍ਰਭਾਵਿਤ ਹੋ ਰਿਹਾ ਏ ।